# ਰਹਿਤ ਨਾਮਾ
# ਪਾ: ੧੨ ਵੀਂ

# ਪਾਤਸ਼ਾਹੀ ੧੦

## ੧ੳ ਸਤਿਗੁਰ ਪ੍ਰਸਾਦਿ॥

ਲਿਖਤੁਮ ਰਾਮ ਸਿੰਘ, ਹੋਰ ਸੰਬੂਹ ਖਾਲਸਾ ਜੀ ਭੈਣੀ ਦਾ ਸੰਬੂਹ ਖਾਲਸੇ ਜੀ ਕੋ ਸ੍ਰੀ ਵਾਹਿਗੁਰੂ ਜੀ ਕਾ ਖਾਲਸਾ ਸ੍ਰੀ ਵਾਹਿਗੁਰੂ ਜੀ ਕੀ ਫਤੇ ਬੁਲਾਈ ਪ੍ਰਮਾਨ ਕਰਨੀ ਜੀ।

ਹੋਰੁ ਰਹਿਤਨਾਮਾ ਸੰਬੂਹ ਸੰਗਤ ਦੇ ਵਾਸਤੇ ਲਿਖਿਆ ਭੈਣੀ ਤੇ। ਪਿਛਲੀ ਰਾਤ ਉਠ ਕੇ ਗੜਵਾ ਲਜਾਇ ਕਰ ਮਦਾਨੇ ਹੋਇ ਔਣਾ ਦੋ ਵਾਰੀ ਗੜਵਾ ਮਾਜਨਾ ਮਦਾਨ ਬਸਤ੍ਰ ਲਾਹਿ ਕੇ ਜਾਨਾ ਦਾਤਨ ਕਰਨੀ ਫੇਰ ਇਸ਼ਨਾਨੁ ਕਰਨਾ ਬਾਣੀ

ਪੜਨੀ ਜੇ ਕੰਠ ਨਾ ਹੋਵੇ ਤਾ ਕੰਠ ਕਰ ਲੈਣੀ। ਸਰਬ ਮਾਈ ਬੀਬੀ ਸਰਬ ਬੁਢੇ ਬਾਲੇ ਨੇ। ਜਪੁ, ਜਾਪੁ, ਦੂਹਾ ਦੇ ਹਜਾਰੇ ਕੰਠ ਕਰਨੇ। ਰਹਿਰਾਸ, ਆਰਤੀ ਸੋਹਿਲਾ ਏਤਨੀ ਤਾ ਜਰੂਰ ਹੀ ਕੰਠ ਕਰਨੀ ਤੇ ਸੀਲ ਸੰਤੋਖੁ ਸਭ ਨੇ ਰਖਨਾ। ਭਜਨੁ ਅਠੇ ਪਹਰ ਕਰਨਾ ਗੁਰੂ ਸਚੇ ਦਾ। ਹੋਰੁ ਪਰਾਈ ਧੀ ਭੈਣ ਆਪਣੀ ਜਾਨਣੀ। ਪਰਾਇਆ ਹਕੁ ਗੁਰੂ ਜੀ ਨੇ ਅਗੇ ਹੀ ਲਿਖ ਛਡਿਆ ਹੈ 'ਹਕੁ ਪਰਾਇਆ ਨਾਨਕਾ ਉਸ ਸੂਅਰ ਉਸ ਗਾਇ।' ਜੇ ਕੋਈ ਭਜਨੁ ਪੁਛਕੇ ਨਾ ਕਰੂਗਾ ਉਸ ਦਾ ਮੂਹ ਦੁਹੀ ਜਹਾਨੀ ਕਾਲਾ ਹੋਊਗਾ। ਹੋਰੁ

ਜੀ ਕਿਸੇ ਨੇ ਮੰਦਾ ਫਿਕਾ ਨਹੀਂ ਬੋਲਣਾ। ਖਿਮਾ ਕਰਨੀ ਬੋਲੁ ਕੁਬੋਲੁ ਸਹਿ ਜਾਣਾ ਸਭਦਾ। ਜੋ ਕੋਈ ਮਾਰੇ ਕੁਛੁ ਤਾ ਭੀ ਖਿਮਾ ਕਰਨੀ ਤੁਸਾ ਦਾ ਰਛਕ ਗੁਰੂ ਹੈ। ਹਰਿ ਬਖਤ ਤੁਸੀ ਬਹੁਤ ਆਪਣੀ ਭਲਾਈ ਛਪਾਉਣ ਦੀ ਕਰਨੀ। ਹਰਿ ਬਖਤ ਦੁਵਾਨੁ ਲਾਉਣਾ ਹਰ ਦਿਨ ਸਬਦੁ ਕੀਰਤਨੁ ਕਰਨਾ। ਜੇ ਕਰ ਜਗ ਕਰਨਾ ਹੋਵੇ ਤਾ ਚੌਕਾ ਦੇਣਾ। ਭਾਡੇ ਕੋਰੇ ਲਿਆਉਣੇ ਚੌਕੇ ਬਿਚ ਚਰਨ ਧੋਇਕੇ ਬੜਨਾ। ਅਰ ਹੋਮ ਬੀ ਕਰਨਾ। ਪਹਲੇ ਚੌਕਾ ਦੇਣਾ ਹੋਮ ਦੀ ਜਗਾ ਲਕੜੀ ਹੋਮ ਵਿਚ ਪਲਾਹ ਦੀ ਪਾਉਣੀ ਜਾ ਬੇਰੀ ਦੀ

ਪਾਉਣੀ ਫੂਕ ਨਹੀ ਮਾਰਨੀ, ਹੋਮ ਦੀ ਅੱਗ ਨੂੰ ਪਖੀ ਨਾਲ ਝਲਣਾ ਪੰਜ ਆਦਮੀ ਹੋਮ ਵਿਚ ਪੋਥੀਆਂ ਉਤੋ ਬਾਣੀ ਪੜਨੀ ਚਉਪਈ, ਜਪੁ, ਜਾਪੁ, ਚੰਡੀ ਚਰਿੱਤ੍ਰ, ਅਕਾਲ ਉਸਤਤ[੧] ਛੇਵਾ ਆਦਮੀ[੨] ਅਹੂਤੀਆ ਪਾਵੇ ਸਤਵਾ ਮਗਰੋ ਨਾਲ ਹੀ ਜਲ ਦਾ ਛਿਟਾ ਦੇਵੇ ਥੋੜਾ ਥੋੜਾ। ਜੇ ਕੋਈ ਮੰਦਾ ਕਰਮੁ ਕਰੇ ਜਾਰੀ ਚੋਰੀ ਤਾ ਕਿਸੇ ਹੀ ਥਾ ਦੁਵਾਨੁ ਬਿਚ ਨਹੀ ਬੜਨ ਦੇਣਾ। ਜੇਕਰ ਜੋਰਾਬਰ ਹੋਵੇ ਤਾਂ ਸਭਨਾਂ ਨੇ ਏਹੁ ਅਰਦਾਸ ਕਰਨੀ ਜੀ ਏਹੁ ਆਦਮੀ ਏਥੇ ਆਉਣ ਜੋਗਾ ਈ ਨਾ ਰਹੇ। ਹੋਰ ਜੀ ਮੇਰੀ ਮਤ ਬਹੁਤ ਥੋੜੀ ਹੈ ਤੁਸੀ

ਆਪ ਹੀ ਸਭ ਕੁਛ ਸਮਝ ਲੈਣਾ ਜੀ। ਹੋਰ ਜੀ ਸਭਨੇ ਹਥ ਜੋੜਨੇ ਪਰਮੇਸਰ ਅਗੇ। ਜੋ ਹੇ ਮਹਾਰਾਜ! ਸਾਡਾ ਧਰਮੁ ਬਣਿਆ ਰਹੇ ਜੀ। ਹੋਰ ਕਛਾ ਰਖਣੀਆਂ ਪਉਚਾ ਪਾਕੇ ਪਉਚਾ ਲਹੁਣਾ ਹੋਰ ਜੀ ਕਿਸੇ ਦਾ ਮੰਦਾ ਕਰਮ ਛਪਾਉਣਾ ਨਹੀ ਕਿਸੇ ਨੇ ਹੋਰ ਜੀ ਕਿਸੇ ਨੇ ਧੀ ਭੈਣ ਦਾ ਪੈਸਾ ਨਹੀ ਲੈਣਾ ਬਟਾ ਨਹੀ ਕਰਨਾ ਸਦਾ ਗੁਰੂ ਗੁਰੂ ਜਪਦੇ ਰਹਿਣਾ। ਸਾਰੇ ਬਹੀਰ ਨੂੰ ਏਹੁ ਹੁਕਮ ਸੁਣਾਇ ਦੇਣਾ ਜੋ ਪੰਦਰਾ ਸੋਲਾ ਬਰਸ ਤੇ ਘਟ ਕੋਈ ਨਾ ਕੁੜੀ ਬਿਆਹੇ। ਦਾਰੂ ਮਾਸ ਨਹੀਂ ਖਾਣਾ ਪੀਣਾ ਖੌਫ ਰਖਣਾ ਗੁਰੂ ਦਾ ਹਰਿ ਦਮ।

੧. ਚੰਡੀ ਦੀ ਵਾਰ ਅਤੇ ਉਗ੍ਰਦੰਤੀ ਇਹ ਬਾਣੀਆਂ ਹਵਨ ਵਿੱਚ ਪੜ੍ਹਨ ਦਾ ਹੁਕਮ ਸਤਿਗੁਰੂ ਹਰੀ ਸਿੰਘ ਜੀ ਨੇ ਦਿੱਤਾ ਸੀ।
੨. ਭਜਨ ਵੀ ਕਰੇ।